# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 08 ਮਈ 2026 ਦਿਨ ਸ਼ੁੱਕਰਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੀ.ਏ.ਯੂ. ਮਾਹਿਰਾਂ ਨੇ ਕੱਦੂ ਜਾਤੀ ਦੀਆਂ ਫਸਲਾਂ ਦੇ ਝੁਲਸ ਰੋਗ ਸੰਬੰਧੀ ਕਿਸਾਨਾਂ ਨੂੰ ਸਿਫ਼ਾਰਸ਼ਾਂ ਕੀਤੀਆਂ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 8 ਮਈ : ਕੱਦੂ ਜਾਤੀ ਦੀਆਂ ਫ਼ਸਲਾਂ ਵਿਚ ਝੁਲਸ ਰੋਗ (ਡਾਊਨੀ ਮਿਲਡਿਊ) ਇਕ ਗੰਭੀਰ ਸਮੱਸਿਆ ਹੈ ਜੋ ਅਨੁਕੂਲ ਮੌਸਮੀ ਹਾਲਾਤ ਵਿਚ ਫੈਲ ਕੇ ਵੱਡਾ ਨੁਕਸਾਨ ਕਰ ਸਕਦੀ ਹੈ| ਇਹ ਰੋਗ ਪੱਤਿਆਂ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਪੱਤਿਆਂ ਦੇ ਉੱਪਰਲੇ ਪਾਸੇ ਪੀਲੇ ਧੱਬੇ ਬਣਾਉਂਦਾ ਹੈ| ਸਵੇਰ ਸਮੇਂ ਜਦੋਂ ਹਵਾ ਵਿਚ ਨਮੀਂ ਜ਼ਿਆਦਾ ਹੁੰਦੀ ਹੈ ਤਾਂ ਇਹਨਾਂ ਪੱਤਿਆਂ ਦੇ ਹੇਠਲੇ ਪਾਸੇ ਸਲੇਟੀ ਰੰਗ ਦੀ ਉੱਲੀ ਦੀ ਪਰਤ ਦਿਖਾਈ ਦਿੰਦੀ ਹੈ| ਬਾਅਦ ਵਿਚ ਇਹ ਧੱਬੇ ਭੂਰੇ ਹੋ ਕੇ ਸੁੱਕ ਜਾਂਦੇ ਹਨ ਅਤੇ ਫਸਲ ਝੁਲਸੀ ਹੋਈ ਪ੍ਰਤੀਤ ਹੁੰਦੀ ਹੈ|




ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਉੱਘੇ ਪੌਦਾ ਰੋਗ ਮਾਹਿਰ ਅਤੇ ਪੀ.ਏ.ਯੂ. ਦੇ ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਪ੍ਰਭਜੋਧ ਸਿੰਘ ਸੰਧੂ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਵਿਚ ਮੌਸਮ ਝੁਲਸ ਰੋਗ ਲਈ ਅਨੁਕੂਲ ਹੋ ਗਿਆ ਹੈ ਅਤੇ ਖਰਬੂਜ਼ਾ, ਤਰਬੂਜ਼, ਲੌਕੀ ਅਤੇ ਹੋਰ ਕੱਦੂ ਜਾਤੀ ਫਸਲਾਂ ਵਿਚ ਝੁਲਸ ਰੋਗ ਦੇ ਸ਼ੁਰੂ ਹੋਣ ਦੀਆਂ ਸੰਭਾਵਨਾਵਾਂ ਹਨ| ਰਾਜਪੁਰ, ਡੇਰਾਬੱਸੀ ਅਤੇ ਸੰਗਰੂਰ ਦੇ ਇਲਾਕਿਆਂ ਵਿਚ ਹਲਕੀ ਤੋਂ ਦਰਮਿਆਨੀ ਪੱਧਰ ਤੇ ਇਸ ਰੋਗ ਦਾ ਹਮਲਾ ਦੇਖਣ ਵਿਚ ਆਇਆ ਹੈ| ਪ੍ਰਭਾਵਿਤ ਖੇਤਾਂ ਵਿਚ ਜੇਕਰ ਸਮੇਂ ਸਿਰ ਰੋਕਥਾਮ ਨਾ ਕੀਤੀ ਜਾਵੇ ਤਾਂ ਜਲਦੀ ਹੀ ਫਸਲ ਤਬਾਹ ਹੋ ਸਕਦੀ ਹੈ|

ਦਰਮਿਆਨੇ ਤਾਪਮਾਨ (25-30 ਸੈਲਸੀਅਸ), ਵੱਧ ਨਮੀਂ ਅਤੇ ਵਾਰ-ਵਾਰ ਹੋਣ ਵਾਲੀ ਹਲਕੀ ਵਰਖਾ ਇਸ ਰੋਗ ਦੇ ਫੈਲਾਅ ਨੂੰ ਵਧਾਉਣ ਵਾਲੇ ਤੱਤ ਹਨ| ਕਿਸਾਨਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਖੇਤਾਂ ਦਾ ਲਗਾਤਾਰ ਸਰਵੇਖਣ ਕਰੋ| ਉਹਨਾਂ ਇਹ ਵੀ ਕਿਹਾ ਕਿ ਕਿਸਾਨਾਂ ਨੂੰ ਖੁੱਲੀ ਸਿੰਚਾਈ ਭਾਵ ਫਲੱਡ ਇਰੀਗੇਸ਼ਨ ਤੋਂ ਬਚਣਾ ਚਾਹੀਦਾ ਹੈ| ਫਸਲ ਵਿਚ ਹਵਾ ਦੀ ਆਵਾਜਾਈ ਬਣਾਈ ਰੱਖਣ ਲਈ ਪੌਦਿਆਂ ਵਿਚਕਾਰ ਸਹੀ ਦੂਰੀ ਹੋਣੀ ਚਾਹੀਦੀ ਹੈ| ਪੀ.ਏ.ਯੂ. ਮਾਹਿਰਾਂ ਨੇ ਕਿਹਾ ਕਿ ਝੁਲਸ ਰੋਗ ਦੇ ਰੋਕਥਾਮ ਲਈ ਕਲੋਰੋਥੈਲੋਨਿਲ (ਕਵਚ) 0400 ਗ੍ਰਾਮ ਪ੍ਰਤੀ ਏਕੜ ਜਾਂ ਸਾਈਮੋਕਸਾਨਿਲ 8%+ਮੈਨਕੋਜ਼ੇਬ 64% ਡਬਲਯੂ ਪੀ (ਕਰਜ਼ੇਟ 0600 ਗ੍ਰਾਮ ਪ੍ਰਤੀ ਏਕੜ ਦਾ ਛਿੜਕਾਅ ਕੀਤਾ ਜਾਣਾ ਚਾਹੀਦਾ ਹੈ|

## ਫਰੀਦਕੋਟ, ਕੋਟਕਪੂਰਾ ਵਿੱਚ ਬੇਅਦਬੀ ਵਿਰੁੱਧ ਸਖ਼ਤ ਕਾਰਵਾਈ ਲਈ ਹੋਇਆ ਭਾਰੀ ਇਕੱਠ

### ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਦਾ ਸਵਾਗਤ ਕਰਨ ਲਈ ਭਾਰੀ ਗਿਣਤੀ ਵਿੱਚ ਲੋਕ ਪੁੱਜੇ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ




ਕੋਟਕਪੂਰਾ, 8 ਮਈ : ਸਾਲ 2016 ਵਿੱਚ ਬੇਅਦਬੀ ਅਤੇ ਨਿਰਦੋਸ਼ ਪ੍ਰਦਰਸ਼ਨਕਾਰੀਆਂ ’ਤੇ ਗੋਲੀਬਾਰੀ ਤੋਂ ਬਾਅਦ ਭਿਆਨਕ ਕਾਰਵਾਈ ਦੀ ਗਵਾਹ ਬਣੀ ਇਸ ਧਰਤੀ ’ਤੇ ਸ਼ੁਕਰਾਨਾ ਯਾਤਰਾ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਭਾਰੀ ਗਿਣਤੀ ਇਕੱਠ ਨੇ ਜ਼ੋਰਦਾਰ ਸਵਾਗਤ ਕੀਤਾ। ਬੇਅਦਬੀ ਵਿਰੋਧੀ ਕਾਨੂੰਨ ਪਾਸ ਕਰਨ ਲਈ ਧੰਨਵਾਦ ਕਰਨ ਲਈ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਜਾਣ-ਬੁੱਝ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੇ ਬੇਅਦਬੀ ਮਾਮਲਿਆਂ ਵਿੱਚ ਇਨਸਾਫ਼ ਦੇਣ ਵਿੱਚ ਅਸਫਲ ਰਹੀਆਂ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਇਰਾਦੇ ਅਤੇ ਰਾਜਨੀਤਿਕ ਇੱਛਾ ਸ਼ਕਤੀ ਦੀ ਘਾਟ ਸੀ, ਜਦੋਂ ਕਿ ਮੌਜੂਦਾ ਸਰਕਾਰ ਨੇ ਦੋਸ਼ੀਆਂ ਨੂੰ ਸਜ਼ਾ ਦੇਣ ਅਤੇ ਸਿੱਖ ਧਾਰਮਿਕ ਭਾਵਨਾਵਾਂ ਦੀ ਰਾਖੀ ਲਈ ਸਖ਼ਤ ਕਾਨੂੰਨੀ ਉਪਾਅ ਪੇਸ਼ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਇਆ ਹੈ, ਜਿਸ ਵਿੱਚ ਉਮਰ ਕੈਦ ਤੱਕ ਦੀ ਸਜ਼ਾ ਦੀ ਵਿਵਸਥਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਵਿੱਖ ਵਿੱਚ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦੀ ਹਿੰਮਤ ਨਾ ਕਰੇ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਕੋਲ ਅਜਿਹਾ ਕਾਨੂੰਨ ਲਿਆਉਣ ਦੇ ਕਾਫ਼ੀ ਮੌਕੇ ਸਨ ਪਰ ‘ਅਸਪਸ਼ਟ ਇਰਾਦਿਆਂ’ ਅਤੇ ਬੇਅਦਬੀ ਦੀਆਂ ਘਟਨਾਵਾਂ ਲਈ ਜ਼ਿੰਮੇਵਾਰ ਲੋਕਾਂ ਨੂੰ ਬਚਾਉਣ ਦੀਆਂ ਕਥਿਤ ਕੋਸ਼ਿਸ਼ਾਂ ਕਾਰਨ ਉਹ ਅਜਿਹਾ ਕਰਨ ਵਿੱਚ ਅਸਫਲ ਰਹੀਆਂ। ਉਨ੍ਹਾਂ ਟਿੱਪਣੀ ਕੀਤੀ ਕਿ ਪਹਿਲਾਂ ਬਹੁਤ ਸਾਰੇ ਮਾਮਲਿਆਂ ਵਿੱਚ ਦੋਸ਼ੀ ਮਾਨਸਿਕ ਸੰਤੁਲਨ ਠੀਕ ਨਾ ਹੋਣ ਬਹਾਨੇ ਸਜ਼ਾ ਤੋਂ ਬਚ ਜਾਂਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਵੇਂ ਕਾਨੂੰਨ ਵਿੱਚ ਇਹ ਵਿਵਸਥਾ ਕੀਤੀ ਗਈ ਹੈ ਕਿ ਜੇ ਸੂਬੇ ਵਿੱਚ ਕੋਈ ਬੇਅਦਬੀ ਹੁੰਦੀ ਹੈ ਤਾਂ ਅਜਿਹੇ ਵਿਅਕਤੀਆਂ ਦੇ ਕਸਟੋਡੀਅਨ ’ਤੇ ਵੀ ਮੁਕੱਦਮਾ ਚਲਾਇਆ ਜਾਵੇਗਾ। ਸਪੀਕਰ ਕੁਲਤਾਰ ਸਿੰਘ ਸੰਧਵਾ ਦੀ ਹਾਜ਼ਰੀ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪਰਮਾਤਮਾ ਨੇ ਉਨ੍ਹਾਂ ਨੂੰ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਲਾਗੂ ਕਰਕੇ ਮਨੁੱਖਤਾ ਦੀ ਸੇਵਾ ਕਰਨ ਦੀ ਸੇਵਾ ਬਖਸ਼ੀ ਹੈ, ਜਿਸ ਵਿੱਚ ਬੇਅਦਬੀ ਲਈ ਸਖ਼ਤ ਸਜ਼ਾ ਦੀ ਵਿਵਸਥਾ ਹੈ। ਉਨ੍ਹਾਂ ਲੋਕਾਂ ਨੂੰ ਪਿੰਡਾਂ ਵਿੱਚ ਜਾਣ ਅਤੇ ਜਨਤਾ ਨੂੰ ਜਾਗਰੂਕ ਕਰਨ ਦੀ ਅਪੀਲ ਕੀਤੀ ਕਿ ਹੁਣ ਜੋ ਵੀ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਪਾਇਆ ਜਾਵੇਗਾ, ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਸ਼ਾਸਕਾਂ ਦਾ ਬੇਅਦਬੀ ਰੋਕਣ ਲਈ ਕਾਨੂੰਨ ਬਣਾਉਣ ਦਾ ਨਾ ਤਾਂ ਇਰਾਦਾ ਸੀ ਅਤੇ ਨਾ ਹੀ ਇੱਛਾ ਸ਼ਕਤੀ, ਜਿਸ ਕਾਰਨ ਉਨ੍ਹਾਂ ਦੇ ਸ਼ਾਸਨਕਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਇੱਕ ਨਿਯਮਿਤ ਘਟਨਾ ਸੀ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਸੂਬਾ ਸਰਕਾਰ ਵੱਲੋਂ ਪਾਸ ਕੀਤਾ ਗਿਆ ਕਾਨੂੰਨ ਇਸ ਨੂੰ ਖਤਮ ਕਰ ਦੇਵੇਗਾ ਕਿਉਂਕਿ ਕੋਈ ਵੀ ਇਸ ਨਾ-ਮੁਆਫੀਯੋਗ ਅਪਰਾਧ ਵਿੱਚ ਸ਼ਾਮਲ ਹੋਣ ਦੀ ਹਿੰਮਤ ਕਦੇ ਨਹੀਂ ਕਰੇਗਾ। ਅਕਾਲੀਆਂ ਦੀ ਨਿੰਦਾ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਸੂਬੇ ਭਰ ਵਿੱਚ ਬੇਅਦਬੀ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਲਈ ਇਕੱਠੇ ਹੋਏ ਨਿਰਦੋਸ਼ ਲੋਕਾਂ ’ਤੇ ਗੋਲੀ ਚਲਾਉਣ ਦੇ ਹੁਕਮ ਦਿੱਤੇ ਸਨ। ਉਨ੍ਹਾਂ ਕਿਹਾ ਕਿ ਇਹ ਧਰਤੀ ਅਕਾਲੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਿੱਖ ਪੰਥ ਪ੍ਰਤੀ ਦਿਖਾਈ ਗਈ ਧੱਕੇਸ਼ਾਹੀ ਅਤੇ ਘੋਰ ਨਿਰਾਦਰ ਦੀ ਹਮੇਸ਼ਾ ਗਵਾਹ ਰਹੇਗੀ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਅਤੇ ਸਤਿਕਾਰ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਬੇਅਦਬੀ ਦੀਆਂ ਘਟਨਾਵਾਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖ ਕਦਰਾਂ-ਕੀਮਤਾਂ ਅਤੇ ਜਨਤਕ ਭਾਵਨਾਵਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਹ ਧਰਤੀ ਅਜਿਹੇ ਸਮੇਂ ਦੀ ਗਵਾਹ ਹੈ, ਜਿਸ ਨੇ ਸਮੁੱਚੀ ਸਿੱਖ ਸੰਗਤ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਇਹ ਕਾਨੂੰਨ ਇਸ ਲਈ ਬਣਾਇਆ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਵਾਪਰਨ। ਵਿਰੋਧੀ ਪਾਰਟੀਆਂ ’ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿਛਲੀਆਂ ਅਕਾਲੀ ਅਤੇ ਕਾਂਗਰਸ ਸਰਕਾਰਾਂ ’ਤੇ ਆਮ ਲੋਕਾਂ ਦੀ ਭਲਾਈ ਨੂੰ ਨਜ਼ਰਅੰਦਾਜ਼ ਕਰਦੇ ਹੋਏ ਭਾਈ-ਭਤੀਜਾਵਾਦ ਅਤੇ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਸਰਕਾਰ ਸਮਾਜ ਦੇ ਹਰ ਵਰਗ ਲਈ ਇਮਾਨਦਾਰੀ ਅਤੇ ਜਵਾਬਦੇਹੀ ਨਾਲ ਕੰਮ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਹਰ ਖੇਤਰ ਵਿੱਚ ਲੀਕ ਤੋਂ ਹਟਵੀਆਂ ਪਹਿਲਕਦਮੀਆਂ ਕੀਤੀਆਂ ਹਨ ਜਿਸ ਕਾਰਨ ਇਨ੍ਹਾਂ ਖੇਤਰਾਂ ਵਿੱਚ ਪੂਰੀ ਤਰ੍ਹਾਂ ਤਬਦੀਲੀ ਦੇਖੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਟੈਕਸਦਾਤਾਵਾਂ ਦਾ ਪੈਸਾ ਲੋਕਾਂ ਦੀ ਭਲਾਈ ’ਤੇ ਸਮਝਦਾਰੀ ਨਾਲ ਖਰਚ ਕੀਤਾ ਜਾ ਰਿਹਾ ਹੈ ਅਤੇ ਇਹ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਆ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਹੁਣ ਲੋਕਾਂ ਲਈ ਕੰਮ ਕਰ ਰਹੀ ਹੈ ਅਤੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ, ਭ੍ਰਿਸ਼ਟਾਚਾਰ ਤੋਂ ਬਿਨਾਂ 65,000 ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ, ਬਿਹਤਰ ਸੜਕਾਂ, ਟੋਲ ਪਲਾਜ਼ਾ ਬੰਦ ਕਰਕੇ ਰੋਜ਼ਾਨਾ 70 ਲੱਖ ਰੁਪਏ ਦੀ ਬਚਤ ਅਤੇ ਬੁਨਿਆਦੀ ਢਾਂਚਾ ਉਸਾਰ ਰਹੀ ਹੈ। ਉਨ੍ਹਾਂ ਕਿਹਾ ਕਿ ਜਿਸ ਸਮੇਂ ਸੂਬਾ ਸਰਕਾਰ ਨੇ ਸੱਤਾ ਸੰਭਾਲੀ ਸੀ, ਉਸ ਸਮੇਂ ਸੂਬੇ ਵਿੱਚ ਸਿੰਚਾਈ ਲਈ ਸਿਰਫ਼ 21 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਅੱਜ ਨਹਿਰੀ ਪਾਣੀ ਦਾ 68 ਫੀਸਦੀ ਸਿੰਚਾਈ ਲਈ ਵਰਤਿਆ ਜਾ ਰਿਹਾ ਹੈ ਅਤੇ ਆਉਣ ਵਾਲੇ ਝੋਨੇ ਦੇ ਸੀਜ਼ਨ ਤੱਕ ਇਹ 85 ਫੀਸਦੀ ਤੱਕ ਵਧਾ ਦਿੱਤਾ ਜਾਵੇਗਾ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਦੀ ਸਹੂਲਤ ਲਈ ਸੂਬੇ ਭਰ ਵਿੱਚ 14000 ਕਿਲੋਮੀਟਰ ਪਾਈਪਾਂ ਅਤੇ ਰਜਵਾਹੇ ਬਣਾਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਪਾਈਪ ਲਾਈਨਾਂ ਅਤੇ ਰਜਵਾਹਿਆਂ ਵਿੱਚ 21000 ਕਿਊਸਿਕ ਪਾਣੀ ਛੱਡਿਆ ਗਿਆ ਹੈ ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀਆਂ ਸਿੰਚਾਈ ਜ਼ਰੂਰਤਾਂ ਨੂੰ ਪੂਰਾ ਕਰਕੇ ਵੱਡੇ ਪੱਧਰ ’ਤੇ ਲਾਭ ਪਹੁੰਚਾਇਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਛੱਡਿਆ ਗਿਆ ਇਹ ਪਾਣੀ ਦੋ ਭਾਖੜਾ ਨਹਿਰਾਂ ਦੁਆਰਾ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੇ ਬਰਾਬਰ ਹੈ ਅਤੇ ਇਸ ਕਦਮ ਨਾਲ ਸੂਬੇ ਦੇ ਕਿਸਾਨਾਂ ਨੂੰ ਬਹੁਤ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਨਹਿਰਾਂ ਅਤੇ ਦਰਿਆਵਾਂ ਵਿੱਚ ਰੀਚਾਰਜ ਪੁਆਇੰਟ ਰੱਖੇ ਗਏ ਹਨ, ਜਿਸ ਨਾਲ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵਧਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਫੈਸਲਾ ਆਉਣ ਵਾਲੀਆਂ ਪੀੜ੍ਹੀਆਂ ਦੀ ਭਲਾਈ ਯਕੀਨੀ ਬਣਾਉਣ ਦੇ ਉਦੇਸ਼ ਨਾਲ ਲਿਆ ਗਿਆ ਹੈ ਕਿਉਂਕਿ ਪਾਣੀ ਤੋਂ ਬਿਨਾਂ ਸੂਬੇ ਦਾ ਕੋਈ ਵਜੂਦ ਨਹੀਂ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਜਿਸ ਤਹਿਤ ਹਰੇਕ ਔਰਤ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਉਨ੍ਹਾਂ ਕਿਹਾ ਕਿ ਫੰਡ ਸਿੱਧੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ ਅਤੇ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਪ੍ਰਾਪਤ ਕਰ ਰਹੀਆਂ ਔਰਤਾਂ ਵੀ ਯੋਗ ਹੋਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ 97 ਫੀਸਦੀ ਔਰਤਾਂ ਨੂੰ ਲਾਭ ਹੋਣ ਦੀ ਉਮੀਦ ਹੈ ਅਤੇ ਸੂਬਾ ਸਰਕਾਰ ਨੇ ਬਜਟ ਵਿੱਚ 9,300 ਕਰੋੜ ਰੁਪਏ ਅਲਾਟ ਕੀਤੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰ ਪਰਿਵਾਰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਹੱਕਦਾਰ ਹੈ ਅਤੇ 30 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਪਹਿਲਾਂ ਹੀ ਸਿਹਤ ਕਾਰਡ ਮਿਲ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ 1.65 ਲੱਖ ਲੋਕਾਂ ਨੂੰ ਮੁਫ਼ਤ ਇਲਾਜ ਮਿਲ ਚੁੱਕਾ ਹੈ ਅਤੇ ਉਨ੍ਹਾਂ ਲੋਕਾਂ ਨੂੰ ਇਨ੍ਹਾਂ ਕਾਰਡਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

## ਪੰਜਾਬ ਦੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਵੱਲੋਂ ਧੂਰੀ ਵਿਖੇ ਧਰਨਾ 9 ਮਈ ਨੂੰ

### ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਭਰਵੀਂ ਸ਼ਮੂਲੀਅਤ ਦਾ ਐਲਾਨ

ਵਰਲਡ ਪੰਜਾਬੀ ਟਾਈਮਜ਼




ਧੂਰੀ, 8 ਮਈ : ਪੰਜਾਬ ਦੇ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀ ਜੱਥੇਬੰਦੀ ਵੱਲੋਂ ਆਪਣੀਆਂ ਜਾਇਜ਼ ਮੰਗਾਂ ਦਾ ਨਿਪਟਾਰਾ ਕਰਵਾਉਣ ਲਈ ਪੰਜਾਬ ਸਰਕਾਰ ਖ਼ਿਲਾਫ਼ ਲਗਾਤਾਰ ਸੰਘਰਸ਼ ਵਿੱਢਿਆ ਹੋਇਆ ਹੈ। ਇਸੇ ਕੜੀ ਤਹਿਤ ਧੂਰੀ ਵਿਖੇ ਲੱਗਣ ਵਾਲੇ ਧਰਨੇ ਦੀ ਹਮਾਇਤ ਵਿੱਚ ਅਨੇਕਾਂ ਸੰਘਰਸ਼ਸ਼ੀਲ ਜੱਥੇਬੰਦੀਆਂ ਨੇ ਸ਼ਮੂਲੀਅਤ ਦਾ ਐਲਾਨ ਕਰਕੇ ਅੰਦੋਲਨ ਨੂੰ ਮਜ਼ਬੂਤ ਕੀਤਾ ਹੈ। ਧਰਨੇ ਦੀ ਹਮਾਇਤ ਕਰਦਿਆਂ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਸੁਖਦੇਵ ਸ਼ਰਮਾ ਅਤੇ ਜਰਨਲ ਸਕੱਤਰ ਡਾਕਟਰ ਅਮਰਜੀਤ ਸਿੰਘ ਨੇ ਸਮੂਹ ਪੈਨਸ਼ਨਰਾਂ ਨੂੰ ਵੱਡੀ ਗਿਣਤੀ ਵਿੱਚ ਧਰਨੇ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਆਜ਼ਾਦੀ ਤੋਂ ਵੀ ਪਹਿਲਾਂ ਦੇ ਸਥਾਪਤ ਅਤੇ ਸਿੱਖਿਆ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਇਹਨਾਂ ਸਕੂਲਾਂ ਨੂੰ ਲਾਵਾਰਸ ਛੱਡ ਦਿੱਤਾ ਹੈ। ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਤਨਖਾਹ ਕਮਿਸ਼ਨ ਲਾਗੂ ਹੋਣ ਮਗਰੋਂ ਮਿਲਣ ਵਾਲੀਆਂ ਸਹੂਲਤਾਂ ਦੀ ਗੱਲ ਛੱਡੋ, ਤਨਖਾਹ ਲਈ ਵੀ ਲੰਮੇ ਸਮੇਂ ਤੋਂ ਤਰਸਾਇਆ ਜਾ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਆਮ ਆਦਮੀ ਦੀ ਸਰਕਾਰ ਕਹਾਉਣ ਦਾ ਦਾਅਵਾ ਕਰਨ ਵਾਲੀ ਸਰਕਾਰ ਆਮ ਮੁਲਾਜ਼ਮਾਂ ਦੇ ਚੁੱਲ੍ਹੇ ਠੰਢੇ ਕਰਨ ਲਈ ਬਜਿਦ ਹੈ। ਏਡਿਡ ਕਰਮਚਾਰੀਆਂ ਨੂੰ ਸਰਕਾਰੀ ਕਰਮਚਾਰੀਆਂ ਦੇ ਬਰਾਬਰ ਸਹੂਲਤਾਂ ਦੇਣ ਦੀ ਗੱਲ ਵੋਟਾਂ ਮੌਕੇ ਮੰਨਣ ਉਪਰੰਤ ਵੀ ਬਾਅਦ ਵਿੱਚ ਘੇਸਲ ਵੱਟ ਲਈ ਹੈ। ਸਰਕਾਰੀ ਦੀ ਕਹਿਣੀ ਤੇ ਕਰਨੀ ਵਿਚਲੇ ਅੰਤਰ ਨੇ ਮੁਲਾਜ਼ਮਾਂ ਅੰਦਰ ਗੁੱਸਾ ਅਤੇ ਨਿਰਾਸ਼ਾ ਭਰ ਦਿੱਤੀ ਹੈ ਜਿਸ ਦਾ ਖ਼ਮਿਆਜ਼ਾ ਸਰਕਾਰ ਨੂੰ ਭਵਿੱਖ ਵਿੱਚ ਭੁਗਤਨਾ ਪੈ ਸਕਦਾ ਹੈ।

## ਹੜ੍ਹਾਂ ਤੋਂ ਬਚਾਅ ਦਾ ਕੰਮ ਮਿੱਥੇ ਸਮੇਂ ‘ਚ ਮੁਕੰਮਲ ਨਾ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ ਡਾ. ਬਲਬੀਰ ਸਿੰਘ

### ਸਿਹਤ ਮੰਤਰੀ ਨੇ ਵੱਡੀ ਨਦੀ ਦੀ ਸਫ਼ਾਈ ਤੇ ਬੰਨ੍ਹ ਮਜ਼ਬੂਤ ਕਰਨ ਦੇ ਕੰਮ ‘ਚ ਦੇਰੀ ਦਾ ਗੰਭੀਰ ਨੋਟਿਸ ਲਿਆ

### ਹੜ੍ਹਾਂ ਤੋਂ ਬਚਾਅ ਸਮੇਤ ਹੋਰ ਵਿਕਾਸ ਕਾਰਜਾਂ ਦਾ ਜਾਇਜ਼ਾ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 8 ਮਈ:ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਵੱਡੀ ਨਦੀ ਦੀ ਸਫ਼ਾਈ ਤੇ ਬੰਨ੍ਹ ਮਜ਼ਬੂਤ ਕਰਨ ਦੇ ਕੰਮ ‘ਚ ਹੋ ਰਹੀ ਦੇਰੀ ਦਾ ਗੰਭੀਰ ਨੋਟਿਸ ਲਿਆ ਹੈ। ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਨਾਲ ਡਰੇਨੇਜ, ਪੀਡੀਏ, ਵਣ ਵਿਭਾਗ ਤੇ ਨਗਰ ਨਿਗਮ ਸਮੇਤ ਹੋਰ ਸਬੰਧਤ ਵਿਭਾਗੀ ਅਧਿਕਾਰੀਆਂ ਨਾਲ ਬੈਠਕ ਕਰਦਿਆਂ ਸਿਹਤ ਮੰਤਰੀ ਨੇ ਸਪੱਸ਼ਟ ਸ਼ਬਦਾਂ ‘ਚ ਆਖਿਆ ਕਿ ਹੜ੍ਹਾਂ ਤੋਂ ਬਚਾਅ ਦੇ ਕੰਮ ਮਿੱਥੇ ਸਮੇਂ ‘ਚ ਮੁਕੰਮਲ ਨਾ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।




ਡਾ. ਬਲਬੀਰ ਸਿੰਘ ਨੇ ਵੱਡੀ ਨਦੀ ਦੇ ਸਫ਼ਾਈ ਦੇ ਕੰਮ ‘ਚ ਡਰੇਨੇਜ, ਪੀਡੀਏ ਤੇ ਵਣ ਵਿਭਾਗ ਆਪਸੀ ਤਾਲਮੇਲ ਦੀ ਘਾਟ ਦਾ ਨੋਟਿਸ ਲੈਂਦਿਆਂ ਹਦਾਇਤ ਕੀਤੀ ਕਿ ਜੇਕਰ ਕਿਸੇ ਅਧਿਕਾਰੀ ਦੀ ਅਣਗਹਿਲੀ ਕਰਕੇ ਇਸ ਵਾਰ ਪਟਿਆਲਾ ‘ਚ ਹੜ੍ਹਾਂ ਦੀ ਨੌਬਤ ਆਈ ਤਾਂ ਜਿੰਮੇਵਾਰ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਦੀ ਦੇ ਬੰਨ੍ਹ ਮਜ਼ਬੂਤ ਕੀਤੇ ਜਾਣ ਅਤੇ ਬੰਨ੍ਹਾਂ ‘ਤੇ ਦਰਖ਼ਤ ਲਗਾਏ ਜਾਣ।

ਸਿਹਤ ਮੰਤਰੀ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਵੀ ਸਖ਼ਤ ਹਦਾਇਤ ਕੀਤੀ ਪਟਿਆਲਾ ਦਿਹਾਤੀ ਹਲਕੇ ‘ਚ ਸੜਕਾਂ ਦੇ ਕੰਮ ‘ਚ ਕੀਤੀ ਜਾ ਰਹੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੀਵਰੇਜ ਬੋਰਡ ਤੋਂ ਤੁਰੰਤ ਐਨ.ਓ.ਸੀ. ਲੈਕੇ ਸੜਕਾਂ ਬਣਾਉਣ ਦਾ ਕੰਮ ਬਰਸਾਤਾਂ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕੀਤਾ ਜਾਵੇ। ਉਨ੍ਹਾਂ ਨੇ ਸੀਵਰੇਜ ਬੋਰਡ ਵੱਲੋਂ ਦੌਲਤਪੁਰ ਵਿਖੇ ਲਗਾਏ ਜਾ ਰਹੇ 15 ਐਮ.ਐਲ.ਡੀ ਦੇ ਐਸ.ਟੀ.ਪੀ ਦਾ ਵੀ ਜਾਇਜ਼ਾ ਲਿਆ ਅਤੇ ਇਸ ਨੂੰ ਵੀ ਸਮਾਂ ਸੀਮਾਂ ਦੇ ਅੰਦਰ-ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਪਣੇ ਲੋਕਾਂ ਨੂੰ ਜਵਾਬਦੇਹ ਹੈ, ਜਿਸ ਲਈ ਕੋਈ ਵੀ ਅਧਿਕਾਰੀ ਆਪਣੇ ਫ਼ਰਜਾਂ ‘ਚ ਕੁਤਾਹੀ ਨਾ ਕਰੇ ਅਤੇ ਸਬੰਧਤ ਵਿਭਾਗਾਂ ਨਾਲ ਆਪਸੀ ਤਾਲਮੇਲ ਕਰਕੇ ਵਿਕਾਸ ਕਾਰਜ ਮਿੱਥੇ ਸਮੇਂ ‘ਚ ਮੁਕੰਮਲ ਕਰਨ ਦੀ ਜਿੰਮੇਵਾਰੀ ਤਨਦੇਹੀ ਨਾਲ ਨਿਭਾਵੇ। ਇਸ ਦੌਰਾਨ ਪੀ.ਡੀ.ਏ ਦੇ ਏਸੀਏ ਪਰਮਦੀਪ ਸਿੰਘ ਸਮੇਤ ਸਬੰਧਤ ਅਧਿਕਾਰੀ ਮੌਜੂਦ ਸਨ। ਫੋਟੋ ਕੈਪਸ਼ਨ-ਸਿਹਤ ਮੰਤਰੀ ਡਾ. ਬਲਬੀਰ ਸਿੰਘ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਨਾਲ ਪਟਿਆਲਾ ਦਿਹਾਤੀ ਦੇ ਵਿਕਾਸ ਕਾਰਜਾਂ ਤੇ ਹੜ੍ਹਾਂ ਤੋਂ ਬਚਾਅ ਦੇ ਕੰਮਾਂ ਦਾ ਜਾਇਜ਼ਾ ਲੈਂਦੇ ਹੋਏ।

## ਪੀ.ਏ.ਯੂ. ਦੇ ਕਿਸਾਨ ਕਲੱਬ ਦੀ ਮਾਸਿਕ ਮੀਟਿੰਗ ਵਿਚ ਹੋਈਆਂ ਵਿਚਾਰਾਂ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 8 ਮਈ : ਪੀ.ਏ.ਯੂ. ਦੇ ਡਾਇਰੈਕੋਰੇਟ ਪਸਾਰ ਸਿੱਖਿਆ ਦੀ ਅਗਵਾਈ ਵਿਚ ਹਰ ਮਹੀਨੇ ਕਰਵਾਈ ਜਾਂਦੀ ਕਿਸਾਨ ਕਲੱਬ ਦੀ ਮੀਟਿੰਗ ਇਸ ਵਾਰ ਵਿਸ਼ੇਸ਼ ਤੌਰ ਤੇ ਕਿਸਾਨਾਂ ਦੀ ਭਰਵੀਂ ਹਾਜ਼ਰੀ ਦੀ ਗਵਾਹ ਬਣੀ| 145 ਕਿਸਾਨ ਮੈਂਬਰਾਂ ਨੇ ਇਸ ਮੀਟਿੰਗ ਵਿਚ ਹਿੱਸਾ ਲੈ ਕੇ ਵੱਖ-ਵੱਖ ਮਾਹਿਰਾਂ ਦੇ ਵਿਚਾਰ ਸੁਣੇ ਅਤੇ ਉਹਨਾਂ ਨਾਲ ਆਪਣੀ ਕਾਸ਼ਤਕਾਰੀ ਬਾਰੇ ਮਸ਼ਵਰੇ ਕੀਤੇ|

ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਕੀਤੇ ਤਾਜ਼ੇ ਖੇਤੀ ਸਾਹਿਤ ਦੇ ਹਵਾਲੇ ਨਾਲ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀ ਸਾਹਿਤ ਨਾਲ ਜੁੜਨ ਅਤੇ ਸ਼ੋਸ਼ਲ ਮੀਡੀਆ ਮਾਧਿਅਮਾਂ ਉੱਪਰ ਵੀ ਪੀ.ਏ.ਯੂ. ਦੇ ਪ੍ਰੋਗਰਾਮ ਦੇਖਣ ਦੀ ਆਦਤ ਬਨਾਉਣ|

ਖੇਤੀ ਮਾਹਿਰਾਂ ਵਜੋਂ ਇਸ ਵਾਰ ਡਾ. ਮਹੇਸ਼ ਕੁਮਾਰ ਨਾਰੰਗ ਨੇ ਝੋਨੇ ਦੀ ਮਸ਼ੀਨੀ ਲੁਆਈ ਲਈ ਪਨੀਰੀ ਬੀਜਣ ਬਾਰੇ, ਡਾ. ਅਮਿਤ ਕੌਲ ਨੇ ਝੋਨੇ ਦੀ ਸਿੱਧੀ ਬਿਜਾਈ ਬਾਰੇ, ਡਾ. ਸੁਮਨ ਕੁਮਾਰੀ ਨੇ ਸਾਉਣੀ ਦੀਆਂ ਫਸਲਾਂ ਵਿਚ ਜੈਵਿਕ ਖਾਦਾਂ ਦੀ ਵਰਤੋਂ ਬਾਰੇ, ਡਾ. ਰਵਿੰਦਰ ਚੰਦੀ ਨੇ ਟ੍ਰਾਈਕੋਕਾਰਡ ਰਾਹੀਂ ਫਸਲਾਂ ਦੇ ਕੀਟ ਪ੍ਰਬੰਧਨ ਬਾਰੇ ਅਤੇ ਡਾ. ਇਕਬਾਲ ਸਿੰਘ ਨੇ ਬਾਇਓਗੈਸ ਪਲਾਂਟ ਦੀ ਤਿਆਰੀ ਬਾਰੇ ਭਾਸ਼ਣ ਦਿੱਤੇ|

ਸਵਾਗਤ ਦੇ ਸ਼ਬਦ ਕਿਸਾਨ ਕਲੱਬ ਦੇ ਸਕੱਤਰ ਸ਼੍ਰੀ ਸਤਵੀਰ ਸਿੰਘ ਨੇ ਕਹੇ| ਅੰਤ ਵਿਚ ਧੰਨਵਾਦ ਕਲੱਬ ਦੇ ਪ੍ਰਧਾਨ ਮਨਪ੍ਰੀਤ ਸਿੰਘ ਗਰੇਵਾਲ ਨੇ ਕੀਤਾ| ਇਸ ਸਿਖਲਾਈ ਕੈਂਪ ਦੇ ਸੰਚਾਲਕ ਸ਼੍ਰੀ ਵਰਿੰਦਰ ਸਿੰਘ ਸਨ|